# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :22-10-2025**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ

- ਭਾਰਤ ਨੇ ਦੁਨੀਆ ਦੇ ਕੁੱਲ ਜੰਗਲਾਤ ਖੇਤਰ ਵਿੱਚ 9ਵੇਂ ਸਥਾਨ 'ਤੇ ਰਹਿ ਕੇ, ਵਿਸ਼ਵ ਵਾਤਾਵਰਣ ਸੁਰੱਖਿਆ ਵਿੱਚ ਇੱਕ ਮਹੱਤਵਪੂਰਨ ਉਪਲਬਧੀ ਹਾਸਿਲ ਕੀਤੀ ।
- ਪੰਜਾਬ ਸਰਕਾਰ ਵੱਲੋਂ ਤਿੰਨ ਡਿਪਟੀ ਕਮਿਸ਼ਨਰਾਂ ਸਣੇ 6 ਆਈ.ਏ.ਐੱਸ ਅਧਿਕਾਰੀਆਂ ਦਾ ਤਬਾਦਲਾ।
- ਵਿਸ਼ਵਕਰਮਾ ਦਿਵਸ ਮੌਕੇ ਲੁਧਿਆਣਾ ਵਿੱਚ ਸੂਬਾ ਪੱਧਰੀ ਸਮਾਗਮ ਦਾ ਆਯੋਜਨ - ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਲੋਕਾਂ ਨੂੰ ਭਗਵਾਨ ਵਿਸ਼ਵਕਰਮਾ ਜੀ ਵਲੋਂ ਦਰਸਾਏ ਮਾਰਗ 'ਤੇ ਚੱਲਣ ਦੀ ਅਪੀਲ ਕੀਤੀ।

- ਦੇਸ਼ ਦਾ ਵੱਕਾਰੀ 42ਵਾਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ ਕੱਲ ਤੋਂ ਜਲੰਧਰ 'ਚ ਸ਼ੁਰੂ ।

## ਹੁਣ ਖਬਰਾਂ ਵਿਸਥਾਰ ਨਾਲ

---------------------------------------------------

ਭਾਰਤ ਨੇ ਦੁਨੀਆ ਦੇ ਕੁੱਲ ਜੰਗਲਾਤ ਖੇਤਰ ਵਿੱਚ 9ਵੇਂ ਸਥਾਨ 'ਤੇ ਰਹਿ ਕੇ, ਵਿਸ਼ਵ ਵਾਤਾਵਰਣ ਸੁਰੱਖਿਆ ਵਿੱਚ ਇੱਕ ਮਹੱਤਵਪੂਰਨ ਉਪਲਬਧੀ ਹਾਸਿਲ ਕੀਤੀ ਏ। ਇਹ ਜਾਣਕਾਰੀ ਇੰਡੋਨੇਸ਼ੀਆ ਦੇ ਬਾਲੀ ਵਿੱਚ ਖੁਰਾਕ ਅਤੇ ਖੇਤੀਬਾੜੀ ਸੰਗਠਨ ਵਲੋਂ ਜਾਰੀ ਕੀਤੇ ਗਏ ਆਲਮੀ ਜੰਗਲਾਤ ਸਰੋਤ ਮੁਲਾਂਕਣ 2025 ਵਿੱਚ ਦਰਜ ਕੀਤੀ ਗਈ ਸੀ। ਵਾਤਾਵਰਣ ਮੰਤਰੀ ਭੂਪੇਂਦਰ ਯਾਦਵ ਨੇ ਕਿਹਾ ਕਿ ਪਿਛਲੇ ਮੁਲਾਂਕਣ ਵਿੱਚ 10ਵੇਂ ਸਥਾਨ ਤੋਂ ਵਣੇਂ ਮੁਲਾਂਕਣ ਵਿੱਚ ਨੌਵੇਂ ਸਥਾਨ 'ਤੇ ਜਾਣਾ ਇੱਕ ਵੱਡੀ ਪ੍ਰਾਪਤੀ ਏ । ਇਹ ਪ੍ਰਗਤੀ ਜੰਗਲਾਤ ਸੰਭਾਲ, ਜੰਗਲਾਤ ਅਤੇ ਭਾਈਚਾਰਕ ਯਤਨਾਂ ਰਾਹੀਂ ਵਾਤਾਵਰਣ ਸੁਰੱਖਿਆ ਵੱਲ ਸਰਕਾਰ ਦੀਆਂ ਨੀਤੀਆਂ ਅਤੇ ਪ੍ਰੋਗਰਾਮਾਂ ਦੀ ਸਫਲਤਾ ਨੂੰ ਉਜਾਗਰ ਕਰਦੀ ਏ । ਸ੍ਰੀ

ਯਾਦਵ ਨੇ ਕਿਹਾ ਕਿ ਭਾਰਤ ਸਾਲਾਨਾ ਜੰਗਲਾਤ ਖੇਤਰ ਵਿਕਾਸ ਵਿੱਚ ਦੁਨੀਆ ਵਿੱਚ ਤੀਜੇ ਸਥਾਨ 'ਤੇ ਏ। ਇਹ ਵਾਤਾਵਰਣ ਸੁਰੱਖਿਆ ਅਤੇ ਟਿਕਾਊ ਵਿਕਾਸ ਪ੍ਰਤੀ ਦੇਸ਼ ਦੀ ਵਚਨਬੱਧਤਾ ਨੂੰ ਦਰਸਾਉਂਦਾ ਏ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਪਹਿਲ - 'ਏਕ ਪੇੜ ਮਾਂ ਕੇ ਨਾਮ' - ਪੂਰੇ ਦੇਸ਼ ਨੂੰ ਰੁੱਖ ਲਗਾਉਣ ਲਈ ਪ੍ਰੇਰਿਤ ਕਰ ਰਹੀ ਏ। ਇਹ ਭਵਿੱਖ ਵਿੱਚ ਹਰੇ ਅਤੇ ਸਵੱਛ ਵਿਕਾਸ ਨੂੰ ਉਤਸ਼ਾਹਿਤ ਕਰੇਗਾ।

---

ਪੰਜਾਬ ਸਰਕਾਰ ਨੇ ਵੱਡਾ ਪ੍ਰਸ਼ਾਸਨਿਕ ਫੇਰ ਬਦਲ ਕਰਦਿਆਂ ਤਿੰਨ ਡਿਪਟੀ ਕਮਿਸ਼ਨਰਾਂ ਸਮੇਤ 6 ਆਈ.ਏ.ਐੱਸ ਅਧਿਕਾਰੀਆਂ ਦਾ ਤਬਾਦਲਾ ਕਰ ਦਿੱਤਾ ਏ। ਸਰਕਾਰ ਦੇ ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਵੱਲੋਂ ਜਾਰੀ ਹੁਕਮ ਅਨੁਸਾਰ ਗਮਾਡਾ ਦੇ ਮੁੱਖ ਪ੍ਰਸ਼ਾਸਕ ਵਿਸ਼ੇਸ਼ ਸਾਰੰਗਲ ਨੂੰ ਵਿਸ਼ੇਸ਼ ਸਕੱਤਰ ਸੁਸ਼ਾਸਨ ਤੇ ਸੂਚਨਾ ਤਕਨੀਕ ਵਿਭਾਗ ਨਿਯੁਕਤ ਕੀਤਾ ਗਿਆ ਏ। ਡਾਇਰੈਕਟਰ ਸੁਸ਼ਾਸਨ ਤੇ ਸੂਚਨਾ ਤਕਨੀਕ ਤੇ ਮੁੱਖ ਕਾਰਜਕਾਰੀ ਅਫ਼ਸਰ ਪੰਜਾਬ ਰਾਜ ਈ-ਸ਼ਾਸਨ ਸੁਸਾਇਟੀ ਦਾ ਵਾਧੂ ਚਾਰਜ ਦਿੱਤਾ ਗਿਆ ਏ। ਇਸੇ ਤਰ੍ਹਾਂ ਅੰਮ੍ਰਿਤਸਰ

ਦੀ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੂੰ ਮੁੱਖ ਪ੍ਰਸ਼ਾਸਕ ਗਮਾਡਾ, ਅਦਿੱਤਿਆ ਉੱਪਲ ਨੂੰ ਪਠਾਨਕੋਟ ਦੇ ਡਿਪਟੀ ਕਮਿਸ਼ਨਰ ਤੋਂ ਬਦਲ ਕੇ ਗੁਰਦਾਸਪੁਰ ਦਾ ਡਿਪਟੀ ਕਮਿਸ਼ਨਰ ਨਿਯੁਕਤ ਕੀਤਾ ਗਿਆ ਏ । ਪੰਜਾਬ ਸਰਕਾਰ ਨੇ ਆਈ.ਏ.ਐੱਸ ਅਧਿਕਾਰੀ ਪੱਲਵੀ ਨੂੰ ਪਠਾਨਕੋਟ , ਦਲਵਿੰਦਰ ਜੀਤ ਸਿੰਘ ਨੂੰ ਅੰਮ੍ਰਿਤਸਰ ਦਾ ਡਿਪਟੀ ਕਮਿਸ਼ਨਰ ਅਤੇ ਹਰਪ੍ਰੀਤ ਸਿੰਘ ਨੂੰ ਵਧੀਕ ਮੁੱਖ ਸਕੱਤਰ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਨਿਯੁਕਤ ਕੀਤਾ ਗਿਆ ਏ । ਇਸ ਤਰ੍ਹਾਂ ਹਰਪ੍ਰੀਤ ਸਿੰਘ ਨੂੰ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਮੁਖੀ, ਬਿਜਲੀ ਵਿਭਾਗ ਦੇ ਵਧੀਕ ਸਕੱਤਰ ਅਤੇ ਨਵੀਂ ਤੇ ਨਵਿਆਉਣਯੋਗ ਊਰਜਾ ਸਰੋਤ ਵਿਭਾਗ ਦੇ ਵਧੀਕ ਸਕੱਤਰ ਦਾ ਵਾਧੂ ਕਾਰਜ ਭਰ ਦਿੱਤਾ ਗਿਆ ਏ ।

---------------------------------------------------------------

ਝੋਨੇ ਦੇ ਖਰੀਦ ਸੀਜ਼ਨ ਨੂੰ ਸੁਚਾਰੂ ਬਨਾਉਣ ਲਈ ਪੰਜਾਬ ਸਰਕਾਰ ਵੱਲੋਂ ਅਪਣਾਈ ਸਰਗਰਮ ਪਹੁੰਚ ਸਦਕਾ 21 ਅਕਤੂਬਰ ਤੱਕ 4 ਲਖ 32 ਹਜ਼ਾਰ 458 ਲੱਖ ਕਿਸਾਨਾਂ ਨੂੰ ਘੱਟੋ-ਘੱਟ ਸਮਰਥਨ ਮੁੱਲ (ਐਮ. ਐਸ. ਪੀ) ਦਾ ਲਾਭ ਮਿਲਿਆ ਏ । ਖੁਰਾਕ, ਸਿਵਲ ਸਪਲਾਈ ਅਤੇ

ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਦੀ ਅਗਵਾਈ ਹੇਠ ਖਰੀਦ, ਚੁਕਾਈ  ਅਤੇ ਅਦਾਇਗੀ ਪੂਰੇ ਜੋਰਾਂ ਨਾਲ ਚੱਲ ਰਹੇ ਹਨ। ਹੁਣ ਤੱਕ 57 ਹਜ਼ਾਰ 546 ਕਿਸਾਨਾਂ ਨੂੰ ਐਮ ਐਸ ਪੀ ਦਾ ਲਾਭ ਮਿਲਣ ਨਾਲ ਪਟਿਆਲਾ ਜ਼ਿਲ੍ਹਾ ਸਭ ਤੋਂ ਅੱਗੇ ਏ। ਜਦਕਿ ਹੜ੍ਹਾਂ ਨਾਲ ਪ੍ਰਭਾਵਿਤ ਹੋਇਆ ਤਰਨਤਾਰਨ 38 ਹਜ਼ਾਰ 578 ਕਿਸਾਨਾਂ ਨੂੰ ਲਾਭ ਮਿਲਣ ਨਾਲ ਦੂਜੇ ਸਥਾਨ 'ਤੇ ਹੈ ਅਤੇ ਫਿਰੋਜ਼ਪੁਰ 35 ਹਜ਼ਾਰ 501 ਕਿਸਾਨਾਂ ਨਾਲ ਤੀਜੇ ਸਥਾਨ 'ਤੇ ਏ। ਜ਼ਿਕਰਯੋਗ ਏ ਕਿ 21 ਅਕਤੂਬਰ ਸ਼ਾਮ ਤੱਕ ਰਾਜ ਭਰ ਦੀਆਂ ਮੰਡੀਆਂ ਵਿੱਚ ਕੁੱਲ 58 ਲਖ 40 ਹਜ਼ਾਰ 618 ਮੀਟਰਕ ਟਨ ਝੋਨੇ ਦੀ ਆਮਦ ਹੋਈ ਏ। ਇਸ ਵਿੱਚੋਂ 56 ਲਖ 4 ਹਜ਼ਾਰ 976 ਮੀਟਰਕ ਟਨ ਝੋਨੇ ਦੀ ਖਰੀਦ ਕੀਤੀ ਗਈ ਏ ।

---------------------------------------------------------------

ਅੰਮ੍ਰਿਤਸਰ ਦੇ ਸੂਬਾ ਵਿਸ਼ੇਸ਼ ਆਪ੍ਰੇਸ਼ਨ ਸੈੱਲ ਨੇ ਸਰਹੱਦ ਪਾਰੋਂ ਤਸਕਰੀ ਨੈੱਟਵਰਕ ਦਾ ਪਰਦਾਫਾਸ਼ ਕਰਦਿਆਂ ਚਾਰ ਕਾਰਕੁਨਾਂ ਨੂੰ ਚਾਰ ਪਿਸਤੌਲਾਂ ਤੇ ਜ਼ਿੰਦਾ ਗੋਲਾ ਬਾਰੂਦ ਸਮੇਤ ਗ੍ਰਿਫ਼ਤਾਰ ਕੀਤਾ ਏ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ ਕਿ ਫੜੇ ਗਏ ਮੁਲਜ਼ਮਾਂ ਦੀ

ਪਛਾਣ  ਜੁਗਰਾਜ ਸਿੰਘ ਉਰਫ਼ ਚਿਰੀ, ਕੁਲਬੀਰ ਸਿੰਘ ਉਰਫ਼ ਨੰਨੂ ਉਰਫ਼ ਕਾਲੂ, ਅਰਸ਼ਦੀਪ ਸਿੰਘ ਅਤੇ ਨਛੱਤਰ ਸਿੰਘ ਵਜੋਂ ਹੋਈ ਏ। ਇਹ ਸਾਰੇ ਤਰਨਤਾਰਨ ਦੇ ਰਹਿਣ ਵਾਲੇ ਨੇ।  ਮੁੱਢਲੀ ਜਾਂਚ ਤੋਂ ਪਤਾ ਚੱਲਿਆ ਏ ਕਿ ਗ੍ਰਿਫ਼ਤਾਰ ਕੀਤੇ ਗਏ ਦੋਸ਼ੀ ਇੱਕ  ਪਾਕਿਸਤਾਨ-ਅਧਾਰਤ ਤਸਕਰ ਦੇ ਨਿਰਦੇਸ਼ਾਂ 'ਤੇ ਕੰਮ ਕਰ ਰਹੇ ਸਨ ਜੋ  ਪੰਜਾਬ ਵਿੱਚ ਸਰਹੱਦ ਪਾਰ ਹਥਿਆਰਾਂ ਦੀ ਤਸਕਰੀ  ਦਾ ਪ੍ਰਬੰਧ ਕਰ ਰਿਹਾ ਸੀ। ਅੰਮ੍ਰਿਤਸਰ ਦੇ ਪੁਲਿਸ ਥਾਣੇ ਵਿਖੇ ਇੱਕ FIR ਦਰਜ ਕੀਤੀ ਗਈ ਏ। ਪੂਰੇ ਨੈੱਟਵਰਕ ਦਾ ਪਰਦਾਫਾਸ਼ ਕਰਨ ਅਤੇ ਇਸਨੂੰ ਖਤਮ ਕਰਨ ਲਈ ਅਗਲੇਰੀ ਜਾਂਚ ਕੀਤੀ ਜਾ ਰਹੀ ਏ।

---------------------------------------------------------------

ਜਲੰਧਰ ਕਮਿਸ਼ਨਰੇਟ ਪੁਲਿਸ ਨੇ ਅੱਜ ਤੜਕਸਾਰ ਮੁੱਠਭੇੜ ਦੌਰਾਨ ਗੈਂਗਸਟਰ ਜੱਗੂ ਭਗਵਾਨਪਰੀਆਂ ਦੇ ਕਰੀਬੀ ਮਨਕਰਨ ਦਿਉਲ ਸਮੇਤ ਤਿੰਨ ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਏ। ਗ੍ਰਿਫ਼ਤਾਰ ਦੋਸ਼ੀਆਂ ਦੀ ਪਹਿਚਾਣ ਜੈ ਵੀਰ ਅਤੇ ਸਿਮਰਜੀਤ ਸਿੰਘ ਵਲੋਂ ਹੋਈ ਏ।

ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਦੱਸਿਆ ਕਿ ਭਾਰਤੀ ਨਾਗਰਿਕ ਸੰਹਿਤਾ ਤਹਿਤ ਮਾਮਲਾ ਦਰਜ ਕੀਤਾ ਗਿਆ ਏ । ਇਕ ਸੂਹ ਅਤੇ ਤਕਨੀਕੀ ਜਾਣਕਾਰੀ ਦੇ ਅਧਾਰ ’ਤੇ ਪੁਲਿਸ ਟੀਮ ਨੇ ਤੁਰੰਤ ਕਾਰਵਾਈ ਕਰਦਿਆਂ ਦੋਸ਼ੀਆਂ ਨੂੰ ਸਲੇਮਪੁਰ ਮਾਸੰਦਾ ਵਿਖੇ ਰੋਕਿਆ ਗਿਆ, ਜਿਥੋਂ ਉਹ ਜ਼ਿਲ੍ਹੇ ਵਿਚੋਂ ਭੱਜਣ ਦੀ ਕੋਸ਼ਿਸ ਕਰ ਰਹੇ ਸਨ। ਮਨਕਰਨ ਦਿਉਲ ,ਗੈਂਗਸਟਰ ਜੱਗੂ ਭਗਵਾਨਪੁਰੀਆ ਅਤੇ ਅੰਮ੍ਰਿਤਪਾਲ ਬਾਠ ਦਾ ਬਹੁਤ ਕਰੀਬੀ ਅਨੇਕਾਂ ਅਪਰਾਧਿਕ ਮਾਮਲਿਆਂ ਵਿੱਚ ਲੋੜੀਂਦਾ ਸੀ। ਉਸ ਦੀ ਸ਼ਮੂਲੀਅਤ ਜਲੰਧਰ ਤੇ ਅੰਮ੍ਰਿਤਸਰ ਵਿਖੇ ਕਈ ਧਾਰਾਵਾਂ, ਕਤਲ ਕੇਸ ਅਤੇ ਆਰਮਜ਼ ਐਕਟ ਤਹਿਤ ਦਰਜ ਮਾਮਲਿਆਂ ਵਿੱਚ ਵੀ ਹੈ। ਅਪਰੇਸ਼ਨ ਦੌਰਾਨ ਪੁਲਿਸ ਨੇ ਦੋਸ਼ੀਆਂ ਪਾਸੋਂ ਇਕ ਪਿਸਤੌਲ ਅਤੇ ਦੋ ਜਿੰਦਾ ਕਾਰਤੂਸ ਬਰਾਮਦ ਕੀਤੇ ਨੇ ।

---------------------------------------------------

ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਭਗਵਾਨ ਵਿਸ਼ਵਕਰਮਾ ਜੀ ਨੂੰ ਸਾਡੀ ਧਰਤੀ 'ਤੇ ਸ਼ਿਲਪਕਾਰੀ, ਭਵਨ ਨਿਰਮਾਣ ਕਲਾ ਅਤੇ ਇੰਜੀਨੀਅਰਿੰਗ ਦੀ ਸਿਰਜਣਾ ਦਾ ਸਿਹਰਾ ਦਿੱਤਾ ਜਾਂਦਾ ਏ

। ਵਿਸ਼ਵਕਰਮਾ ਦਿਵਸ ਮਨਾਉਣ ਲਈ ਲੁਧਿਆਣਾ ਦੇ ਭਗਵਾਨ ਵਿਸ਼ਵਕਰਮਾ ਮੰਦਰ ਵਿਖੇ ਸੂਬਾ ਪੱਧਰੀ ਸਮਾਗਮ ਨੂੰ ਸੰਬੋਧਨ ਕਰਦੇ ਹੋਏ ਸ੍ਰੀ ਸੌਂਦ ਨੇ ਜ਼ਿਕਰ ਕੀਤਾ ਕਿ ਵਿਸ਼ਵਵਿਆਪੀ ਉਦਯੋਗਿਕ ਅਤੇ ਬੁਨਿਆਦੀ ਢਾਂਚੇ ਦਾ ਵਿਕਾਸ ਭਗਵਾਨ ਵਿਸ਼ਵਕਰਮਾ ਦੇ ਆਸ਼ੀਰਵਾਦ ਦਾ ਸਿੱਧਾ ਨਤੀਜਾ ਏ । ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਰਾਜ ਭਰ ਦੇ ਨੌਜਵਾਨਾਂ ਲਈ ਹੁਨਰ ਵਿਕਾਸ 'ਤੇ ਧਿਆਨ ਕੇਂਦਰਿਤ ਕਰ ਰਹੀ ਏ , ਜਿਸਦਾ ਉਦੇਸ਼ ਉਨ੍ਹਾਂ ਨੂੰ ਭਗਵਾਨ ਵਿਸ਼ਵਕਰਮਾ ਦੇ ਸਿਧਾਂਤਾਂ ਅਤੇ ਸਿੱਖਿਆਵਾਂ ਦੇ ਅਨੁਸਾਰ ਸਨਮਾਨ ਅਤੇ ਸਵੈ-ਮਾਣ ਵਾਲਾ ਜੀਵਨ ਜੀਉਣ ਦੇ ਯੋਗ ਬਣਾਉਣਾ ਏ । ਲੋਕਾਂ ਨੂੰ ਭਗਵਾਨ ਵਿਸ਼ਵਕਰਮਾ ਦੀਆਂ ਸਿੱਖਿਆਵਾਂ ਦੀ ਪਾਲਣਾ ਕਰਨ ਲਈ ਉਤਸ਼ਾਹਿਤ ਕਰਦੇ ਹੋਏ ਉਨ੍ਹਾਂ ਕਿਹਾ ਕਿ ਰਾਜ ਭਰ ਵਿੱਚ ਹੁਨਰ ਵਿਕਾਸ ਦਾ ਸਮਰਥਨ ਕਰਨਾ ਭਗਵਾਨ ਵਿਸ਼ਵਕਰਮਾ ਨੂੰ ਇੱਕ ਢੁਕਵੀਂ ਸ਼ਰਧਾਂਜਲੀ ਹੋਵੇਗੀ। ਮੰਤਰੀ ਨੇ ਮੰਦਰ ਲਈ 10 ਲੱਖ ਰੁਪਏ ਦੀ ਗ੍ਰਾਂਟ ਦੇਣ ਦਾ ਐਲਾਨ ਕੀਤਾ ਅਤੇ ਬਕਾਇਆ ਕੰਮਾਂ ਨੂੰ ਪੂਰਾ ਕਰਨ ਵਿੱਚ ਪੂਰਾ ਸਮਰਥਨ ਦੇਣ ਦਾ ਭਰੋਸਾ ਦਿੱਤਾ। ਉਨ੍ਹਾਂ ਨੇ ਲੋੜਵੰਦ ਔਰਤਾਂ ਨੂੰ ਸਿਲਾਈ ਮਸ਼ੀਨਾਂ ਵੀ ਵੰਡੀਆਂ।

-----------------------------------------------------------------

ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਲਾ-ਕ੍ਰਿਤੀ ਦੇ ਗੁਣਾਂ ਨਾਲ ਭਰਪੂਰ ਮਿਹਨਤੀ ਕਾਮਿਆਂ ਨੂੰ ਵਿਸ਼ਵਕਰਮਾ ਦਿਵਸ ਦੀ ਵਧਾਈ ਦਿਤੀ ਏ । ਉਨ੍ਹਾਂ ਪਰਮਾਤਮਾ ਅੱਗੇ ਮਿਹਨਤੀ ਕਾਮਿਆਂ ਦੀ  ਕਮਾਈ 'ਚ ਵਾਧਾ ਕਰਨ ਅਤੇ ਸਭ ਨੂੰ ਤੰਦਰੁਸਤੀ  ਤੇ ਤਰੱਕੀਆਂ ਬਖਸ਼ਣ ਦੀ ਅਰਦਾਸ ਕੀਤੀ ।  ਓਧਰ ਅੰਮ੍ਰਿਤਸਰ ਦੇ ਰਾਮਬਾਗ ਘਾਹ ਮੰਡੀ ਵਿਖੇ ਵਿਸ਼ਵਕਰਮਾ ਦਿਵਸ ਸ਼ਰਧਾ ਭਾਵ ਨਾਲ ਮਨਾਇਆ ਗਿਆ । ਇਸ ਮੌਕੇ ਕਾਰੀਗਰਾਂ ਦੇ ਨਾਲ BJP ਨੇਤਾਵਾਂ ਨੇ ਬਾਬਾ ਵਿਸ਼ਵਕਰਮਾ ਅੱਗੇ ਅਰਦਾਸ ਕੀਤੀ। ਕਾਰੀਗਰਾਂ ਵੱਲੋਂ ਆਪਣੀਆਂ ਦੁਕਾਨਾਂ ‘ਤੇ ਵਰਤੇ ਜਾਣ ਵਾਲੇ ਉਪਕਰਨਾਂ ਨੂੰ ਕੱਚੀ ਲੱਸੀ ਨਾਲ ਧੋ ਕੇ ਉਹਨਾਂ ਦੀ ਪੂਜਾ ਕੀਤੀ ਗਈ। ਇਹ ਰਿਵਾਇਤੀ ਤਰੀਕੇ ਨਾਲ ਮਨਾਇਆ ਜਾਣ ਵਾਲਾ ਤਿਉਹਾਰ ਕਾਰੀਗਰਾਂ ਦੀ ਮਿਹਨਤ ਤੇ ਕਲਾ ਨੂੰ ਸਲਾਮ ਕਰਦਾ ਏ ।

-----------------------------------------------------------------

ਛੇਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦੇ ਬੰਦੀ ਛੋੜ ਦਿਵਸ ਨੂੰ ਸਮਰਪਿਤ ਸਮੂੰਹ ਨਿਹੰਗ ਸਿੰਘ ਜਥੇਬੰਦੀਆਂ ਵਲੋਂ ਨਿਸ਼ਾਨ

ਸਾਹਿਬ ਤੇ ਨਿਗਾਰਿਆਂ ਦੀ ਛਤਰ ਛਾਇਆ ਹੇਠ ਰਵਾਇਤੀ ਮਹੱਲਾ ਸਜਾਇਆ ਗਿਆ। ਗੁਰਦੁਆਰਾ ਪਾਤਸ਼ਾਹੀ ਛੇਵੀਂ ਮੱਲ ਅਖਾੜਾ ਸਾਹਿਬ, ਬੁਰਜ ਬਾਬਾ ਫੂਲਾ ਸਿੰਘ ਅਕਾਲੀ ਤੋਂ ਅਰਦਾਸ ਉਪਰੰਤ ਮਹੱਲਾ ਖਾਲਸਾਈ ਜਾਹੋ ਜਲਾਲ ਨਾਲ ਆਰੰਭ ਹੋਇਆ। ਇਸ ਤੋਂ ਪਹਿਲਾਂ ਗੁਰਦੁਆਰਾ ਮੱਲ ਅਖਾੜਾ ਵਿਖੇ ਆਖੰਡ ਪਾਠਾਂ ਦੇ ਭੋਗ ਨਿਹੰਗ ਸਿੰਘਾਂ ਦੀ ਚਲੀ ਆਉਦੀ ਮਰਿਯਾਦਾ ਅਨੁਸਾਰ ਪਾਏ ਗਏ।ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਸ਼੍ਰੋਮਣੀ ਸੇਵਾ ਰਤਨ, ਸ਼੍ਰੋਮਣੀ ਪੰਥ ਰਤਨ ਸਿੰਘ ਸਾਹਿਬ ਬਾਬਾ ਬਲਬੀਰ ਸਿੰਘ ਅਕਾਲੀ 96ਵੇਂ ਕਰੋੜੀ ਦੀ ਅਗਵਾਈ ਵਿੱਚ ਸਮੂਹ ਨਿਹੰਗ ਸਿੰਘ ਜਥੇਬੰਦੀਆਂ ਦੇ ਮੁਖੀਆਂ ਅਤੇ ਪੰਥਕ ਹਸਤੀਆਂ ਨੇ ਸ਼ਮੂਲੀਅਤ ਕੀਤੀ। ਬੁੱਢਾ ਦਲ ਦੇ ਹੈੱਡ ਗ੍ਰੰਥੀ ਸਮੂਹ ਦਲਾਂ ਦੇ ਨਿਸ਼ਾਨਾਂ ਨੂੰ ਸੁੰਦਰ ਫੁਲਹਾਰਾਂ ਨਾਲ ਸਿੰਗਾਰਿਆਂ ਗਿਆ ਸੀ।ਮਹੱਲੇ ਵਿਚ ਸ਼ਾਮਲ ਹੋਣ ਲਈ ਪੁਜੇ ਦਲਾਂ ਦੇ ਜਥੇਦਾਰਾਂ ਅਤੇ ਨਿਹੰਗ ਸਿੰਘ ਫੌਜਾਂ ਦਾ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਨੇ ਸਾਰੀਆਂ ਆਈਆਂ ਸੰਗਤਾਂ ਸਮੇਤ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ ਅਤੇ ਵੱਖ-ਵੱਖ ਨਿਹੰਗ ਸਿੰਘ ਦਲਾਂ ਦੇ ਨਿਸ਼ਾਨਚੀਆਂ, ਨਿਗਾਰਚੀਆਂ,

ਚੋਬਦਾਰਾਂ, ਗੁਰਜ ਵਾਲੇ ਸਿੰਘਾਂ, ਗ੍ਰੰਥੀਆਂ, ਕਥਾਵਾਚਕਾਂ ਅਤੇ ਮੁਖੀ ਜਥੇਦਾਰ ਸਾਹਿਬਾਨ ਨੂੰ ਸਨਮਾਨਿਤ ਕੀਤਾ।

---------------------------------------------------------

ਬੀਤੀ ਰਾਤ ਦਿਵਾਲੀ ਦੇ ਤਿਉਹਾਰ ਮੌਕੇ ਡੇਰਾ ਬਾਬਾ ਨਾਨਕ ਦੇ ਨਜ਼ਦੀਕੀ ਪਿੰਡ ਧਰਮਾਂਬਾਦ ਵਿਖੇ ਗੰਧਕ ਤੇ ਪਟਾਸ ਨੂੰ ਕੁੱਟਦਿਆਂ ਹੋਇਆਂ ਹੋਏ ਧਮਾਕਾ ਹੋਣ ਕਾਰਨ 2 ਔਰਤਾਂ ਸਮੇਤ 7 ਵਿਅਕਤੀ ਗੰਭੀਰ ਜਖਮੀ ਹੋ ਗਏ । ਸਾਡੇ ਪਤਰਕਾਰ ਨੇ ਦਸਿਆ ਕਿ  ਗੰਭੀਰ ਜਖਮੀਆਂ ਨੂੰ ਅੰਮ੍ਰਿਤਸਰ ਦੇ ਸਰਕਾਰੀ ਤੇ ਨਿਜੀ ਹਸਪਤਾਲਾਂ ਵਿਖੇ ਭਰਤੀ ਕਰਾਇਆ ਗਿਆ ਜਿੱਥੇ ਉਹਨਾਂ ਦੀ ਹਾਲਤ ਨਾਜ਼ੁਕ  ਦੱਸੀ ਜਾ ਰਹੀ ਏ । ਸਥਾਨਕ ਲੋਕਾਂ ਮੁਤਾਬਿਕ ਧਮਾਕਾ ਇਨਾ ਜਬਰਦਸਤ ਸੀ ਕਿ ਨੇੜਲੇ ਘਰਾਂ ਦੇ ਸ਼ੀਸ਼ੇ ਤੱਕ ਟੁੱਟ ਗਏ ਹਨ।  ਡੇਰਾ ਬਾਬਾ ਨਾਨਕ ਪੁਲਿਸ ਦੇ ਐਸ.ਐਚ.ਓ  ਅਸ਼ੋਕ ਸ਼ਰਮਾ ਨੇ ਦੱਸਿਆ ਕਿ ਇਸ ਸਾਰੇ ਮਾਮਲੇ ਦੀ ਬਰੀਕੀ ਨਾਲ ਜਾਂਚ ਕੀਤੀ ਜਾ ਰਹੀ ਏ । ਇਸ ਵੱਡੀ ਮਾਤਰਾ ਵਿੱਚ ਗੰਦਕ ਤੇ ਪਟਾਸ ਵੇਚਣ ਵਾਲੇ ਲੋਕਾਂ ਖਿਲਾਫ ਹੀ ਬਣਦੀ ਕਾਰਵਾਈ ਕੀਤੀ ਜਾਵੇਗੀ

-----------------------------------------------

ਦੇਸ਼ ਦਾ ਵੱਕਾਰੀ 42ਵਾਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ ਕੱਲ ਤੋਂ ਜਲੰਧਰ ਸਥਿਤ  ਓਲੰਪੀਅਨ ਸੁਰਜੀਤ ਹਾਕੀ ਸਟੇਡੀਅਮ, ਬਰਲਟਨ ਪਾਰਕ ਵਿਖੇ ਸ਼ੁਰੂ ਹੋ ਰਿਹਾ ਏ । ਸੁਰਜੀਤ ਹਾਕੀ ਸੁਸਾਇਟੀ ਦੇ ਪ੍ਰਧਾਨ ਅਤੇ  ਡਿਪਟੀ ਕਮਿਸ਼ਨਰ ਡਾ: ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਇਸ ਟੂਰਨਾਮੈਂਟ ਦਾ ਆਯੋਜਨ ਸੁਰਜੀਤ ਹਾਕੀ ਸੁਸਾਇਟੀ, ਜਲੰਧਰ ਵੱਲੋਂ ਭਾਰਤੀ ਹਾਕੀ ਟੀਮ ਦੇ ਸਾਬਕਾ ਕਪਤਾਨ ਅਤੇ ਓਲੰਪੀਅਨ ਸਵਰਗੀ ਸਰਦਾਰ ਸੁਰਜੀਤ ਸਿੰਘ ਰੰਧਾਵਾ ਦੀ ਯਾਦ ਵਸੀਹ  ਹਰ ਸਾਲ ਕਰਵਾਇਆ ਜਾਂਦਾ ਏ , ਜੋ 7 ਜਨਵਰੀ 1984 ਨੂੰ ਜਲੰਧਰ ਨੇੜੇ ਇੱਕ ਕਾਰ ਹਾਦਸੇ ਵਿੱਚ ਆਪਣੀ ਜਾਨ ਗੁਆ ਬੈਠੇ ਸਨ । ਭਾਰਤੀ ਟੀਮ ਦੇ ਕਪਤਾਨ ਓਲੰਪੀਅਨ ਹਰਮਨਪ੍ਰੀਤ ਸਿੰਘ, ਉਪ ਕਪਤਾਨ ਓਲੰਪੀਅਨ ਹਾਰਦਿਕ ਸਿੰਘ, ਮਨਪ੍ਰੀਤ ਸਿੰਘ, ਮਨਦੀਪ ਸਿੰਘ, ਜਰਮਨ ਪ੍ਰੀਤ ਸਿੰਘ  ਅਤੇ ਹੋਰ ਬਹੁਤ ਸਾਰੇ ਮੌਜੂਦਾ ਅਤੇ ਸਾਬਕਾ ਭਾਰਤੀ ਹਾਕੀ ਖਿਡਾਰੀ ਇਸ 10 ਦਿਨਾਂ ਲੰਬੇ ਇਸ  ਹਾਕੀ ਟੂਰਨਾਮੈਂਟ ਵਿੱਚ ਆਪਣੇ ਹੁਨਰ ਦਾ ਪ੍ਰਦਰਸ਼ਨ ਕਰਨਗੇ । ਪਿਛਲੇ 36

ਸਾਲਾਂ ਦੀ ਤਰ੍ਹਾਂ ਇਸ ਸਾਲ ਵੀ ਏਸ਼ੀਆ ਦੀ ਸਭ ਤੋਂ ਵੱਡੀ ਅਤੇ ਮੋਹਰੀ ਮਹਾਰਤਨ ਆਇਲ ਕੰਪਨੀ 'ਇੰਡੀਅਨ ਆਇਲ ਕਾਰਪੋਰੇਸ਼ਨ ਲਿਮਟਿਡ' ਟੂਰਨਾਮੈਂਟ ਦੀ ਮੁੱਖ ਪ੍ਰਯੋਜਕ ਹੋਵੇਗੀ। ਉਨ੍ਹਾਂ ਦੱਸਿਆ ਕਿ ਟੂਰਨਾਮੈਂਟ ਕਮੇਟੀ ਨੂੰ ਵੱਡੀ ਗਿਣਤੀ ਵਿੱਚ ਹਾਕੀ ਪ੍ਰੇਮੀਆਂ ਦੇ ਆਉਣ ਦੀ ਉਮੀਦ ਏ । ਸੁਸਾਈਟੀ ਦੇ ਮੁਖ ਕਾਰਜਕਾਰੀ ਅਧਿਕਾਰੀ ਇਕਬਾਲ ਸਿੰਘ ਸੰਧੂ ਨੇ ਕਿਹਾ ਕਿ ਟੂਰਨਾਮੈਂਟ ਦਾ 42ਵਾਂ ਐਡੀਸ਼ਨ 'ਲੀਗ-ਕਮ-ਨਾਕ-ਆਊਟ' ਆਧਾਰ 'ਤੇ ਖੇਡਿਆ ਜਾਵੇਗਾ ਅਤੇ ਟੀਮਾਂ ਨੂੰ 4 ਪੂਲਾਂ ਵਿੱਚ ਵੰਡਿਆ ਗਿਆ ਏ।

--------------------------------------------------

ਦੋ ਵਾਰ ਦੇ ਓਲੰਪਿਕ ਤਮਗਾ ਜੇਤੂ, ਜੈਵਲਿਨ ਥ੍ਰੋਅਰ ਨੀਰਜ ਚੋਪੜਾ ਨੂੰ ਟੈਰੀਟੋਰੀਅਲ ਆਰਮੀ ਵਿੱਚ ਲੈਫਟੀਨੈਂਟ ਕਰਨਲ ਦਾ ਆਨਰੇਰੀ ਰੈਂਕ ਦਿੱਤਾ ਗਿਆ ਏ। ਨੀਰਜ ਚੋਪੜਾ ਨੂੰ ਅੱਜ ਨਵੀਂ ਦਿੱਲੀ ਵਿੱਚ, ਰੱਖਿਆ ਮੰਤਰੀ ਰਾਜਨਾਥ ਸਿੰਘ ਅਤੇ ਫੌਜ ਮੁਖੀ ਜਨਰਲ ਉਪੇਂਦਰ ਦਿਵੇਦੀ ਦੀ ਹਾਜ਼ਰੀ ਵਿੱਚ ਇੱਕ ਸਮਾਰੋਹ ਵਿੱਚ ਇਹ ਰੈਂਕ ਦਿੱਤਾ ਗਿਆ। ਉਨ੍ਹਾਂ ਦੀ ਵਰਦੀ 'ਤੇ ਲੈਫਟੀਨੈਂਟ ਕਰਨਲ ਦਾ ਚਿੰਨ੍ਹ ਲਗਾ ਕੇ ਉਨ੍ਹਾਂ ਨੂੰ

ਅਧਿਕਾਰਤ ਤੌਰ 'ਤੇ ਤਰੱਕੀ ਦਿੱਤੀ ਗਈ। ਰੱਖਿਆ ਮੰਤਰੀ ਨੇ ਲੈਫਟੀਨੈਂਟ ਕਰਨਲ ਨੀਰਜ ਚੋਪੜਾ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨਾਲ ਗੱਲਬਾਤ ਕੀਤੀ। ਰਾਜਨਾਥ ਸਿੰਘ ਨੇ ਨੀਰਜ ਨੂੰ ਦ੍ਰਿੜਤਾ, ਦੇਸ਼ ਭਗਤੀ ਅਤੇ ਉੱਤਮਤਾ ਲਈ ਯਤਨਸ਼ੀਲ ਰਹਿਣ ਦੀ ਭਾਰਤੀ ਭਾਵਨਾ ਦਾ ਪ੍ਰਤੀਕ ਦੱਸਿਆ। ਰੱਖਿਆ ਮੰਤਰੀ ਨੇ ਕਿਹਾ ਕਿ, ਲੈਫਟੀਨੈਂਟ ਕਰਨਲ ਨੀਰਜ ਚੋਪੜਾ ਅਨੁਸ਼ਾਸਨ, ਸਮਰਪਣ ਅਤੇ ਰਾਸ਼ਟਰੀ ਮਾਣ ਦੇ ਸਰਬਉੱਚ ਆਦਰਸ਼ਾਂ ਦੇ ਪ੍ਰਤੀਕ ਨੇ ਅਤੇ ਖੇਡ ਭਾਈਚਾਰੇ ਅਤੇ ਹਥਿਆਰਬੰਦ ਸੈਨਾਵਾਂ ਵਿੱਚ ਪੀੜ੍ਹੀਆਂ ਲਈ ਪ੍ਰੇਰਨਾ ਦਾ ਸਰੋਤ ਨੇ।

---

- ਭਾਰਤ ਨੇ ਦੁਨੀਆ ਦੇ ਕੁੱਲ ਜੰਗਲਾਤ ਖੇਤਰ ਵਿੱਚ 9ਵੇਂ ਸਥਾਨ 'ਤੇ ਰਹਿ ਕੇ, ਵਿਸ਼ਵ ਵਾਤਾਵਰਣ ਸੁਰੱਖਿਆ ਵਿੱਚ ਇੱਕ ਮਹੱਤਵਪੂਰਨ ਉਪਲਬਧੀ ਹਾਸਿਲ ਕੀਤੀ ।
- ਪੰਜਾਬ ਸਰਕਾਰ ਵੱਲੋਂ ਤਿੰਨ ਡਿਪਟੀ ਕਮਿਸ਼ਨਰਾਂ ਸਣੇ 6 ਆਈ.ਏ.ਐੱਸ ਅਧਿਕਾਰੀਆਂ ਦਾ ਤਬਾਦਲਾ।

- ਵਿਸ਼ਵਕਰਮਾ ਦਿਵਸ ਮੌਕੇ ਲੁਧਿਆਣਾ ਵਿੱਚ ਸੂਬਾ ਪੱਧਰੀ ਸਮਾਗਮ ਦਾ ਆਯੋਜਨ - ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਲੋਕਾਂ ਨੂੰ ਭਗਵਾਨ ਵਿਸ਼ਵਕਰਮਾ ਜੀ ਵਲੋਂ ਦਰਸਾਏ ਮਾਰਗ 'ਤੇ ਚੱਲਣ ਦੀ ਅਪੀਲ ਕੀਤੀ।
- ਦੇਸ਼ ਦਾ ਵੱਕਾਰੀ 42ਵਾਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ ਕੱਲ ਤੋਂ ਜਲੰਧਰ 'ਚ ਸ਼ੁਰੂ ।

---------------------------------------------------------------

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**